**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 01-04-2024**

- BJP ਨੇ ਲੋਕ ਸਭਾ ਚੋਣਾਂ ਵਿਚ ਪਾਰਟੀ 'ਤੇ ਮੈਚ ਫਿਕਸਿੰਗ ਦਾ ਦੋਸ਼ ਲਗਾਉਣ ਲਈ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਖਿਲਾਫ ਭਾਰਤੀ ਚੋਣ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ ਏ।
- ਪਟਿਆਲਾ ਤੋਂ ਸਾਬਕਾ ਸਾਂਸਦ ਡਾਕਟਰ ਧਰਮਵੀਰ ਗਾਂਧੀ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਏ।
- ਲੋਕ ਸਭਾ ਚੋਣਾਂ ਦੌਰਾਨ ਵੋਟਰਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਕਈ ਜ਼ਿਲਿਆਂ ਵਿਚ ਸਵੀਪ ਗਤੀਵਿਧੀਆਂ ਤਹਿਤ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ।

- ਸੀਮਾ ਸੁਰੱਖਿਆ ਬੱਲ ਨੇ ਅੰਮ੍ਰਿਤਸਰ ਜ਼ਿਲੇ ਵਿਚ ਸਰਹੱਦ ਤੇ ਇਕ ਪਾਕਿਸਤਾਨੀ ਨਾਗਰਿਕ ਨੂੰ ਕਾਬੂ ਕੀਤਾ।

--------------------------------------------------------

ਭਾਰਤੀ ਜਨਤਾ ਪਾਰਟੀ ਨੇ, ਲੋਕ ਸਭਾ ਚੋਣਾਂ ਵਿਚ ਭਾਰਤੀ ਜਨਤਾ ਪਾਰਟੀ 'ਤੇ ਮੈਚ ਫਿਕਸਿੰਗ ਦਾ ਦੋਸ਼ ਲਗਾਉਣ ਲਈ, ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਖਿਲਾਫ ਅੱਜ ਨਵੀਂ ਦਿੱਲੀ ਵਿੱਚ ਭਾਰਤ ਚੋਣ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ ਏ । ਪਾਰਟੀ ਦੇ ਸੀਨੀਅਰ ਆਗੂ ਤੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੀ ਅਗਵਾਈ ਹੇਠ, ਇੱਕ ਵਫ਼ਦ ਨੇ ਕਮਿਸ਼ਨ ਨੂੰ ਰਾਹੁਲ ਗਾਂਧੀ ਵੱਲੋਂ ਭਾਰਤੀ ਲੋਕਤੰਤਰ ਨੂੰ ਕਮਜ਼ੋਰ ਕਰਨ ਦੇ ਦੋਸ਼ਾਂ ਦੇ ਨਾਲ - ਨਾਲ ਈ ਵੀ ਐਮ ਮੁੱਦੇ ਨਾਲ ਸਬੰਧਤ ਟਿੱਪਣੀਆਂ ਬਾਰੇ ਵੀ ਜਾਣਕਾਰੀ ਦਿੱਤੀ। ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਹਰਦੀਪ ਸਿੰਘ ਪੁਰੀ ਨੇ, ਰਾਹੁਲ ਗਾਂਧੀ ’ਤੇ ਹੇਠਲੇ ਪੱਧਰ ਦੀ ਸਿਆਸਤ ਕਰਨ ਦਾ ਦੋਸ਼ ਲਾਇਆ। ਉਨ੍ਹਾਂ ਇਸ ਮਾਮਲੇ ਵਿੱਚ ਕਾਂਗਰਸ ਆਗੂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ ਏ । ਜ਼ਿਕਰਯੋਗ ਏ ਕਿ ਦਿੱਲੀ ਦੇ ਰਾਮਲੀਲਾ ਮੈਦਾਨ

ਵਿੱਚ ਕੱਲ੍ਹ ਵਿਰੋਧੀ ਧਿਰ ਦੀ ਰੈਲੀ ਨੂੰ ਸੰਬੋਧਨ ਕਰਦਿਆਂ, ਰਾਹੁਲ ਗਾਂਧੀ ਨੇ ਦੋਸ਼ ਲਾਇਆ ਸੀ ਕਿ BJP ਈ ਵੀ ਐਮ, ਮੈਚ ਫਿਕਸਿੰਗ ਅਤੇ ਕੇਂਦਰੀ ਏਜੰਸੀਆਂ ਤੋਂ ਬਿਨਾਂ ਲੋਕ ਸਭਾ ਚੋਣਾਂ ਨਹੀਂ ਜਿੱਤ ਸਕਦੀ।

---------------------------------------------------------------

ਰਾਸ਼ਟਰੀ ਪ੍ਰੀਖਿਆ ਏਜੰਸੀ ਨੇ CUET- (UG) 2024 ਦੇ ਅਰਜ਼ੀ ਫਾਰਮ ਨੂੰ ਆਨਲਾਈਨ ਜਮ੍ਹਾ ਕਰਨ ਦੀ ਆਖਰੀ ਤਰੀਕ 5 ਅਪ੍ਰੈਲ ਤੱਕ ਵਧਾ ਦਿੱਤੀ ਏ। ਇਸ ਤੋਂ ਪਹਿਲਾਂ ਅਰਜ਼ੀ ਦਾਖਲ ਕਰਨ ਦਾ ਅੱਜ ਆਖਰੀ ਦਿਨ ਸੀ। ਪ੍ਰੀਖਿਆ ਏਜੰਸੀ ਅਨੁਸਾਰ, ਉਮੀਦਵਾਰਾਂ ਅਤੇ ਹੋਰ ਹਿੱਸੇਦਾਰਾਂ ਤੋਂ ਪ੍ਰਾਪਤ ਹੋਈ ਬੇਨਤੀ 'ਤੇ ਤਰੀਕ ਵਧਾਈ ਗਈ ਏ। ਇਸ ਵਿੱਚ ਕਿਹਾ ਗਿਆ ਏ, ਕਿ ਉਮੀਦਵਾਰ ਪਛਾਣ ਦੀ ਸਹੂਲਤ ਲਈ ਸਕੂਲ ਪਛਾਣ ਪੱਤਰ ਜਾਂ ਫੋਟੋ ਨਾਲ ਕਿਸੇ ਸਰਕਾਰੀ ਪਛਾਣ ਪੱਤਰ ਦੀ ਵਰਤੋਂ ਵੀ ਕਰ ਸਕਦੇ ਨੇ। ਰਾਸ਼ਟਰੀ ਪ੍ਰੀਖਿਆ ਏਜੰਸੀ ਵੱਖ-ਵੱਖ ਕੇਂਦਰੀ ਯੂਨੀਵਰਸਿਟੀਆਂ ਅਤੇ ਹੋਰ ਸੰਸਥਾਵਾਂ ਵਿੱਚ ਅੰਡਰ ਗ੍ਰੈਜੁਏਟ ਪ੍ਰੋਗਰਾਮਾਂ ਵਿੱਚ ਦਾਖਲੇ ਲਈ ਪ੍ਰੀਖਿਆ ਦਾ ਆਯੋਜਨ ਕਰਦੀ ਏ।

ਆਉਂਦੀ CUET-UG 2024 ਦੀ ਪ੍ਰੀਖਿਆ 15 ਤੋਂ 31 ਮਈ ਤੱਕ ਹੋਣ ਵਾਲੀ ਏ ।

--------------------------------------------------------

ਭਾਰਤੀ ਸੂਚਨਾ ਸੇਵਾ ਦੇ ਸੀਨੀਅਰ ਅਧਿਕਾਰੀ, ਸ਼ੈਫਾਲੀ ਬੀ. ਸ਼ਰਨ ਨੇ ਅੱਜ ਪੱਤਰ ਸੂਚਨਾ ਬਿਊਰੋ PIB ਦੇ ਪ੍ਰਮੁੱਖ ਡਾਇਰੈਕਟਰ ਜਨਰਲ ਵਜੋਂ ਅਹੁਦਾ ਸੰਭਾਲ ਲਿਆ ਏ । ਸ਼ੈਫਾਲੀ ਸ਼ਰਨ 1990 ਬੈਚ ਦੇ ਅਧਿਕਾਰੀ ਨੇ । ਤਿੰਨ ਦਹਾਕਿਆਂ ਤੋਂ ਵੱਧ ਦੇ ਇੱਕ ਸ਼ਾਨਦਾਰ ਸੇਵਾਕਾਲ ਦੌਰਾਨ, ਸ਼ੈਫਾਲੀ ਬੀ ਸ਼ਰਨ ਨੇ ਵਿੱਤ ਮੰਤਰਾਲੇ, ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ, ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਵਰਗੇ ਮੰਤਰਾਲਿਆਂ ਲਈ, ਪੱਤਰ ਸੂਚਨਾ ਬਿਊਰੋ ਅਫਸਰ ਵਜੋਂ ਮੀਡੀਆ ਪ੍ਰਚਾਰ ਕਾਰਜਾਂ ਨੂੰ ਸੰਭਾਲਿਆ ਏ । ਉਨ੍ਹਾਂ ਨੇ ਭਾਰਤੀ ਚੋਣ ਕਮਿਸ਼ਨ ਦੇ ਬੁਲਾਰੇ ਵਜੋਂ ਵੀ ਕੰਮ ਕੀਤਾ ਏ । ਜ਼ਿਕਰਯੋਗ ਏ ਕਿ ਪੱਤਰ ਸੂਚਨਾ ਬਿਊਰੋ, ਭਾਰਤ ਸਰਕਾਰ ਦੀ ਇੱਕ ਨੋਡਲ ਏਜੰਸੀ ਏ, ਜਿਹੜੀ ਸਰਕਾਰੀ ਨੀਤੀਆਂ, ਪ੍ਰੋਗਰਾਮਾਂ, ਪਹਿਲਕਦਮੀਆਂ ਅਤੇ ਪ੍ਰਾਪਤੀਆਂ ਬਾਰੇ, ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ ਨੂੰ ਜਾਣਕਾਰੀ ਪ੍ਰਸਾਰਿਤ ਕਰਦੀ ਏ ।

-----------------------------------------------------

ਪਟਿਆਲਾ ਤੋਂ ਸਾਬਕਾ MP ਡਾਕਟਰ ਧਰਮਵੀਰ ਗਾਂਧੀ ਅੱਜ ਨਵੀਂ ਦਿੱਲੀ ਵਿਖੇ, ਕਾਂਗਰਸ ਪਾਰਟੀ ਵਿਚ ਸ਼ਾਮਲ ਹੋ ਗਏ। ਦਿੱਲੀ ਵਿਚ ਉਨਾਂ ਨੂੰ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਤੇ ਪੰਜਾਬ ਕਾਂਗਰਸ ਇੰਚਾਰਜ ਦੀਵੇਂਦਰ ਯਾਦਵ ਵਲੋਂ ਕਾਂਗਰਸ ਪਾਰਟੀ 'ਚ ਸ਼ਾਮਿਲ ਕਰਵਾਇਆ ਗਿਆ। ਇਸ ਮੌਕੇ ਡਾਕਟਰ ਗਾਂਧੀ ਨੇ ਕਿਹਾ ਕਿ ਇਸ ਸਮੇਂ ਲੋਕਤੰਤਰ ਨੂੰ ਬਚਾਉਣ ਦੀ ਜ਼ਰੂਰਤ ਏ, ਇਸ ਲਈ ਉਨ੍ਹਾਂ ਕਾਂਗਰਸ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ 'ਚ ਆਉਣ ਦਾ ਫੈਸਲਾ ਲਿਆ ਏ।

-----------------------------------------------------

ਗੁਰਦਾਸਪੁਰ ਲੋਕ ਸਭਾ ਹਲਕੇ ਤੋਂ BJP ਉਮੀਦਵਾਰ ਦਿਨੇਸ਼ ਸਿੰਘ ਬੱਬੂ ਨੇ ਆਪਣੇ ਚੋਣ ਪ੍ਰਚਾਰ ਨੂੰ ਸ਼ੁਰੂ ਕਰਦੇ ਹੋਏ ਦੀਨਾਨਗਰ ਵਿਖੇ ਵਰਕਰਾਂ ਨਾਲ ਅੱਜ ਪਹਿਲੀ ਮੀਟਿੰਗ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਦਿਨੇਸ਼ ਸਿੰਘ ਬੱਬੂ ਨੇ ਦੱਸਿਆ ਕਿ ਇਹ ਸੀਟ

ਪਾਰਟੀ ਦੀ ਝੋਲੀ ਵਿਚ ਪਾਈ ਜਾਵੇਗੀ ਅਤੇ ਦਿਨ ਰਾਤ ਪਾਰਟੀ ਲਈ ਸਖਤ ਮਿਹਨਤ ਪਹਿਲਾਂ ਵੀ ਕਰਦੇ ਸੀ ਅਤੇ ਅੱਗੇ ਵੀ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਜਿੰਨੇ ਵੀ ਦਾਵੇਦਾਰ ਸਨ ਹੁਣ ਉਹ ਸਾਰੇ ਉਨਾਂ ਨਾਲ ਨੇ ਅਤੇ ਸਾਰੇ ਇਕਜੁੱਟਤਾ ਨਾਲ ਚੋਣ ਲੜਨਗੇ। ਕਿਸਾਨਾਂ ਵਲੋਂ ਉਨਾਂ ਵਿਰੁੱਧ ਕੀਤੇ ਜਾ ਰਹੇ ਪ੍ਰਚਾਰ ਬਾਰੇ ਉਨ੍ਹਾਂ ਕਿਹਾ ਕਿ ਉਹ, ਖੁਦ ਇੱਕ ਕਿਸਾਨ ਨੇ ਅਤੇ ਕਿਸਾਨਾਂ ਦੇ ਸਾਰੇ ਮਸਲੇ ਹੱਲ ਹੋਣਗੇ।

-----------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ, ਕਿਹਾ ਏ ਕਿ ਜਦ ਤੱਕ ਪੰਜਾਬ ਵਿਚ ਸ਼੍ਰੋਮਣੀ ਅਕਾਲੀ ਦਲ ਮਜ਼ਬੂਤ ਏ, ਉਦੋਂ ਤਕ ਕਿਸੇ ਵੀ ਫ਼ਿਰਕੂ ਕਿਸਮ ਦੀ ਸਿਆਸੀ ਪਾਰਟੀ ਨੂੰ ਪੰਜਾਬ ਦਾ ਭਾਈਚਾਰਾ ਖ਼ਰਾਬ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮਾਲੇਰਕੋਟਲਾ ਵਿਖੇ ਬੀਤੀ ਰਾਤ ਇਕ ਸਮਾਗਮ ਦੌਰਾਨ ਉਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ, ਸਮੁੱਚੇ ਪੰਜਾਬੀਆਂ ਦੀ ਅਪਣੀ ਪਾਰਟੀ ਏ ਜਿਹੜੇ ਸਾਰੇ ਧਰਮਾਂ ਅਤੇ ਭਾਈਚਾਰਿਆਂ ਦਾ ਆਦਰ-ਸਤਿਕਾਰ ਕਰਦੀ ਏ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਅਕਾਲੀ ਦਲ ਗੁਰੂ ਸਾਹਿਬਾਨ ਤੋਂ

ਸੇਧ ਲੈ ਕੇ, ਸਰਬੱਤ ਦੇ ਭਲੇ ਦੇ ਰਸਤੇ ਉਪਰ ਚਲਦੇ ਹੋਈ ਬਿਨਾਂ ਕਿਸੇ ਜ਼ਾਤ-ਮਜ਼ਹਬ ਤੋਂ ਸਮੁੱਚੀ ਮਾਨਵਤਾ ਨੂੰ ਨਾਲ ਲੈ ਕੇ ਚਲਦਾ ਏ। ਉਨਾਂ ਕਿਹਾ ਕਿ ਇਹ ਦੇਸ਼ ਸਾਰਿਆਂ ਦਾ ਏ ਅਤੇ ਹਰ ਇਕ ਨੂੰ ਸਮਾਨ ਅਧਿਕਾਰ ਪ੍ਰਾਪਤ ਨੇ।

---------------------------------------------------------

ਵਿਦਿਆ ਭਾਰਤੀ ਪੰਜਾਬ ਦੇ ਸੰਗਠਨ ਮੰਤਰੀ ਰਾਜਿੰਦਰ ਕੁਮਾਰ ਨੇ ਕਿਹਾ ਏ, ਕਿ ਸਾਨੂੰ ਸਾਰਿਆਂ ਨੂੰ ਲੋਕ ਸਭਾ ਚੋਣਾਂ ਦੇ ਇਸ ਮਹਾਨ ਤਿਉਹਾਰ ਵਿੱਚ ਉਤਸ਼ਾਹ ਨਾਲ ਹਿੱਸਾ ਲੈਣਾ ਚਾਹੀਦਾ ਏ। ਜਲੰਧਰ ਤੋਂ ਅੱਜ ਜਾਰੀ ਇਕ ਪ੍ਰੈਸ ਬਿਆਨ ਵਿਚ, ਉਨਾਂ ਕਿਹਾ ਕਿ ਲੋਕਤੰਤਰ ਦਾ ਆਧਾਰ ਹੋਣ ਦੇ ਨਾਲ-ਨਾਲ ਵੋਟਿੰਗ ਇੱਕ ਸ਼ਕਤੀਸ਼ਾਲੀ ਅਧਿਕਾਰ ਵੀ ਏ, ਜਿਹੜਾ ਸਾਨੂੰ ਆਪਣੀ ਸਰਕਾਰ ਚੁਣਨ ਦਾ ਅਧਿਕਾਰ ਦਿੰਦਾ ਏ। ਰਾਜਿੰਦਰ ਕੁਮਾਰ ਨੇ ਕਿਹਾ ਕਿ ਸਾਨੂੰ ਆਪਣੇ ਮਾਮੂਲੀ ਤੇ ਫੌਰੀ ਹਿੱਤਾਂ ਤੋਂ ਉੱਪਰ ਉੱਠ ਕੇ ਸੋਚਣਾ ਚਾਹੀਦਾ ਏ ਅਤੇ ਵੋਟ ਜਰੂਰ ਦੇਣਾ ਚਾਹੀਦਾ ਏ ਕਿਉਂਜੋ ਸਾਡੀ ਇੱਕ ਇਕ ਵੋਟ, ਦੇਸ਼ ਦੀ ਦਸ਼ਾ ਅਤੇ ਦਿਸ਼ਾ ਤੈਅ ਕਰੇਗੀ। ਉਨਾਂ ਕਿਹਾ ਕਿ ਵੋਟ ਸਾਡੇ ਅਧਿਕਾਰਾਂ ਤੇ ਆਜ਼ਾਦੀ ਦੀ ਰਾਖੀ ਦਾ

ਇੱਕ ਤਰੀਕਾ ਹੋਣ ਦੇ ਨਾਲ ਨਾਲ ਇੱਕ ਬਿਹਤਰ ਸਮਾਜ ਤੇ ਰਾਸ਼ਟਰ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਇੱਕ ਤਰੀਕਾ ਵੀ ਏ । ਇਸ ਲਈ ਵਿਦਿਆਰਥੀਆਂ ਦੇ ਮਾਪਿਆਂ ਅਤੇ ਹੋਰ ਸਾਰੇ ਪਰਿਵਾਰਕ ਮੈਂਬਰਾਂ ਨੂੰ ਬਿਨਾਂ ਕਿਸੇ ਡਰ ਜਾਂ ਲਾਲਚ ਦੇ ਉਤਸ਼ਾਹ ਨਾਲ ਵੋਟਿੰਗ ਪ੍ਰਕਿਰਿਆ ਵਿੱਚ ਹਿੱਸਾ ਲੈਣਾ ਚਾਹੀਦਾ ਏ । ਵਿਦਿਆ ਭਾਰਤੀ ਪੰਜਾਬ ਦੇ ਵਿੱਤ ਸਕੱਤਰ ਅਤੇ ਵਿਦਿਆ ਧਾਮ ਦਫਤਰ ਜਲੰਧਰ ਦੇ ਇੰਚਾਰਜ ਠਾਕੁਰ ਵਿਜੇ ਨੇ ਦੱਸਿਆ ਕਿ ਵਿਦਿਆ ਭਾਰਤੀ ਵੱਲੋਂ 'ਵੋਟਰ ਜਾਗਰੂਕਤਾ' ਮੁਹਿੰਮ ਵੀ ਚਲਾਈ ਜਾ ਰਹੀ ਏ ।

---

ਹੁਸ਼ਿਆਰਪੁਰ ਦੇ ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਦੀ ਅਗਵਾਈ ਹੇਠ ਸਮੁੱਚੇ ਜ਼ਿਲ੍ਹੇ ਵਿੱਚ ਵੋਟਰਾਂ ਨੂੰ ਵੋਟ ਬਣਾਉਣ ਸਬੰਧੀ ਜਾਗਰੂਕ ਕਰਨ ਲਈ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਪ੍ਰੀਤ ਕੋਹਲੀ ਵੱਲੋਂ ਵੱਖ-ਵੱਖ ਢੰਗਾਂ ਨਾਲ ਵੋਟ ਬਣਾਉਣ ਸਬੰਧੀ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ । ਅੱਜ ਉਨ੍ਹਾਂ ਡਫਲੀ ਵਜਾਉਂਦੇ ਹੋਏ ਪੰਜਾਬ ਰੋਡਵੇਜ਼ ਦੇ ਕਰਮਚਾਰੀਆਂ ਨੂੰ ਜਿੱਥੇ ਬੱਸ ਅੱਡੇ  ਹੁਸ਼ਿਆਰਪੁਰ ਵਿਖੇ ਆਪਣੇ ਵੋਟ ਦੇ

ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ, ਉੱਥੇ ਹੀ ਉਨ੍ਹਾਂ ਬੱਸ ਅੱਡੇ 'ਤੇ ਸਵਾਰੀਆਂ ਨੂੰ ਵੀ ਅਨੋਖੇ ਢੰਗ ਨਾਲ ਵੋਟ ਪਾਉਣ ਲਈ ਜਾਗਰੂਕ ਕੀਤਾ। ਪ੍ਰੀਤ ਕੋਹਲੀ ਨੇ ਵੱਖ-ਵੱਖ ਬੱਸਾਂ ਵਿੱਚ ਸਵਾਰ ਹੋ ਕੇ ਨਾਟਕੀ ਢੰਗ ਨਾਲ ਡਫਲੀ ਵਜਾ ਕੇ ਯਾਤਰੀਆਂ ਨੂੰ ਪਹਿਲੀ ਜੂਨ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ ਅਤੇ ਉਨ੍ਹਾਂ ਨੂੰ ਵੋਟ ਪਾਉਣ ਦੀ ਸਹੁੰ ਵੀ ਚੁਕਾਈ। ਸਾਰੇ ਯਾਤਰੀਆਂ ਨੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਵੱਲੋਂ ਵੋਟ ਜਾਗਰੂਕਤਾ ਦੀ ਇਸ ਵਿਲੱਖਣ ਸ਼ੈਲੀ ਨੂੰ ਪਸੰਦ ਕੀਤਾ ਅਤੇ ਭਰੋਸਾ ਦਿਵਾਇਆ ਕਿ ਉਹ ਪਹਿਲੀ ਜੂਨ ਨੂੰ ਆਪਣੀ ਵੋਟ ਦਾ ਇਸਤੇਮਾਲ ਜ਼ਰੂਰ ਕਰਨਗੇ।

---------------------------------------------------------

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪਟਿਆਲਾ ਪੁਲਿਸ ਨੇ ਅੱਜ ਸ਼ਹਿਰ ਵਿੱਚ ਫਲੈਗ ਮਾਰਚ ਕੱਢਿਆ। ਪਟਿਆਲਾ ਰੇਂਜ ਦੇ ਡੀ.ਆਈ.ਜੀ ਹਰਚਰਨ ਸਿੰਘ ਭੁੱਲਰ ਤੇ ਐਸ.ਐਸ.ਪੀ ਵਰੁਣ ਸ਼ਰਮਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਜ਼ਿਲ੍ਹੇ ਨਾਲ ਹਰਿਆਣਾ ਬਾਰਡਰ ਤੇ ਅੰਤਰਰਾਜੀ ਨਾਕੇ ਲਗਾਏ ਗਏ ਨੇ ਅਤੇ ਪਿਛਲੇ ਦਿਨੀਂ ਪਟਿਆਲਾ ਵਿਖੇ ਹਰਿਆਣਾ ਪੁਲਿਸ ਤੇ

ਪਟਿਆਲਾ ਪੁਲਿਸ ਦੀ ਇੱਕ ਸਾਂਝੀ ਮੀਟਿੰਗ ਵੀ ਹੋਈ, ਜਿਸ ਵਿੱਚ ਸ਼ਾਮਲ ਦੋਵਾਂ ਸੂਬਿਆਂ ਦੇ ਸੀਨੀਅਰ ਪੁਲਿਸ ਅਫਸਰਾਂ ਨੇ ਗੈਰ ਕਾਨੂੰਨੀ ਕੰਮ ਕਰਨ ਵਾਲੇ ਤਸਕਰਾਂ ਤੇ ਗੈਂਗਸਟਰਾਂ ਖਿਲਾਫ ਸਖਤ ਕਾਰਵਾਈ ਦੀ ਗੱਲ ਆਖੀ। ਉਨਾਂ ਪਟਿਆਲਾ ਜ਼ਿਲੇ ਵਿਚ ਲੋਕ ਸਭਾ ਚੋਣਾਂ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਦਾ ਭਰੋਸਾ ਦਿੱਤਾ।

---------------------------------------------------------------

ਏਧਰ ਫ਼ਤਹਿਗੜ੍ਹ ਸਾਹਿਬ ਜ਼ਿਲੇ ਵਿਚ ਚੋਣਾਂ ਦੌਰਾਨ, ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਾਲ-ਨਾਲ, ਚੋਣ ਪ੍ਰਕ੍ਰਿਆ ਸ਼ਾਂਤੀ ਪੂਰਵਕ ਢੰਗ ਨਾਲ ਮੁਕੰਮਲ ਕਰਨ ਲਈ ਸਖਤ ਸੁਰੱਖਿਆ ਪ੍ਰਬੰਧ ਕੀਤੇ ਜਾ ਰਹੇ ਨੇ। ਜ਼ਿਲ੍ਹਾ ਪੁਲਿਸ ਮੁਖੀ ਡਾ.ਰਵਜੋਤ ਗਰੇਵਾਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਜ਼ਿਲ੍ਹਾ ਪੁਲਿਸ ਅਤੇ ਆਈ.ਟੀ.ਬੀ.ਪੀ. ਜਵਾਨਾਂ ਦੇ ਕਾਫਲੇ ਨੂੰ ਸ਼ਹਿਰ ਦੇ ਵੱਖ-ਵੱਖ ਹਿੱਸਿਆ ਵਿੱਚ ਫਲੈਗ ਮਾਰਚ ਕੱਢਣ ਮੌਕੇ ਅਗਵਾਈ ਕਰਦਿਆਂ ਇਹ ਜਾਣਕਾਰੀ ਦਿੱਤੀ। ਉਨਾਂ ਕਿਹਾ ਕਿ ਨਾਗਰਿਕਾਂ ਦੀ ਸੁਰੱਖਿਆ ਪੁਲਿਸ ਦੀ ਤਰਜ਼ੀਹ ਏ ਅਤੇ ਚੋਣਾਂ ਦੌਰਾਨ ਵੋਟਰਾਂ ਨੂੰ ਕਿਸੇ ਕਿਸਮ ਦਾ ਲਾਲਚ ਦੇਣ ਜਾਂ ਦਬਾਅ ਹੇਠ ਵੋਟਾਂ ਦੀ

ਮੰਗ ਕਰਨ ਵਾਲੇ ਲੋਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਆਦਰਸ਼ ਚੋਣ ਜਾਬਤੇ ਦੀ ਸਖਤੀ ਨਾਲ ਪਾਲਣਾ ਕੀਤੀ ਜਾ ਰਹੀ ਏ ਅਤੇ ਇਸ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

------------------------------------------------------------

ਬੀ.ਐਸ.ਐਫ ਨੇ ਕੱਲ੍ਹ ਸ਼ਾਮ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਰੋੜਾਂਵਾਲਾ ਦੇ ਬਾਹਰਵਾਰ ਸਰਹੱਦੀ ਇਲਾਕੇ ਕੋਲ ਇੱਕ ਸ਼ੱਕੀ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਏ। ਇਸ ਦੀ ਪਛਾਣ ਪਾਕਿਸਤਾਨੀ ਨਾਗਰਿਕ ਵਜੋਂ ਕੀਤੀ ਗਈ ਏ। ਉਸਦੀ ਤਲਾਸ਼ੀ ਲੈਣ 'ਤੇ ਉਸ ਕੋਲੋਂ ਦੋ ਮੋਬਾਈਲ ਫ਼ੋਨ, 840 ਰੁਪਏ ਦੀ ਪਾਕਿਸਤਾਨੀ ਕਰੰਸੀ ਅਤੇ ਇਕ ਪਾਕਿਸਤਾਨੀ ਰਾਸ਼ਟਰੀ ਪਛਾਣ ਪੱਤਰ ਬਰਾਮਦ ਹੋਏ ਨੇ। ਮੁੱਢਲੀ ਪੁੱਛਗਿੱਛ ਤੋਂ ਬਾਅਦ ਬੀ ਐਸ ਐਫ ਨੇ ਅਗਲੇਰੀ ਜਾਂਚ ਲਈ ਉਸ ਵਿਅਕਤੀ ਨੂੰ ਪੰਜਾਬ ਪੁਲਿਸ ਦੇ ਹਵਾਲੇ ਕਰ ਦਿੱਤਾ ਏ।

------------------------------------------------------------

ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ

ਨੇ, ਸੈਸ਼ਨ 2022-23 ਲਈ ਕਾਲਜ ਪ੍ਰਿੰਸੀਪਲ ਪ੍ਰੋ. (ਡਾ.) ਕੁਸੁਮ ਲਤਾ ਦੀ ਅਗਵਾਈ ਹੇਠ, ਅੱਜ ਕਨਵੋਕੇਸ਼ਨ ਦਾ ਆਯੋਜਨ ਕੀਤਾ । ਪਟਿਆਲਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਇਸ ਦੇ ਮੁੱਖ ਮਹਿਮਾਨ ਰਹੇ । ਉਨਾਂ 284 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਅਤੇ ਆਉਣ ਵਾਲੇ ਜੀਵਨ ਲਈ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਉਨਾਂ ਵਿਦਿਆਰਥੀਆਂ ਨੂੰ ਹੁਨਰ, ਯੋਗਤਾ ਅਤੇ ਜੀਵਨ ਵਿੱਚ ਇੱਕ ਹਾਂ-ਪੱਖੀ ਦ੍ਰਿਸ਼ਟੀਕੋਣ ਅਪਨਾਉਣ 'ਤੇ ਜ਼ੋਰ ਦਿੱਤਾ । ਉਨ੍ਹਾਂ ਦੱਸਿਆ ਕਿ ਕਨਵੋਕੇਸ਼ਨ ਕਿਸੇ ਦੇ ਜੀਵਨ ਵਿੱਚ ਇਕ ਮਹੱਤਵਪੂਰਨ ਮੀਲ ਪੱਥਰ ਹੁੰਦੀ ਏ । ਉਨ੍ਹਾਂ ਗ੍ਰੈਜੂਏਟਾਂ ਨੂੰ ਹਰ ਉਸ ਵਿਅਕਤੀ ਦੇ ਧੰਨਵਾਦੀ ਹੋਣ ਲਈ ਕਿਹਾ, ਜਿਨ੍ਹਾਂ ਨੇ ਕਾਲਜ ਦੇ ਸਾਲਾਂ ਦੌਰਾਨ ਉਨ੍ਹਾਂ ਦੀ ਮਦਦ ਕੀਤੀ ਅਤੇ ਮਾਰਗ ਦਰਸ਼ਨ ਕੀਤਾ । ਕਾਲਜ ਪ੍ਰਿੰਸੀਪਲ ਨੇ ਵਿਦਿਆਰਥੀਆਂ ਦੀਆਂ ਸਾਲ ਭਰ ਦੀਆਂ ਗਤੀਵਿਧੀਆਂ ਅਤੇ ਪ੍ਰਾਪਤੀਆਂ ਨੂੰ ਉਜਾਗਰ ਕਰਦੇ ਹੋਏ ਕਾਲਜ ਦੀ ਰਿਪੋਰਟ ਪੇਸ਼ ਕੀਤੀ ।

---

ਮੋਹਾਲੀ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਗੁਆਂਢੀ ਸੂਬਿਆਂ ਤੋਂ ਕਣਕ ਦੀ ਗੈਰ-ਕਾਨੂੰਨੀ ਆਮਦ ਰੋਕਣ ਲਈ ਸਖ਼ਤੀ ਕਰਦਿਆਂ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪੁਲਿਸ ਨੂੰ ਸਖ਼ਤ ਚੌਕਸੀ ਰੱਖਣ ਅਤੇ ਝਰ-ਮੜੀ ਬੈਰੀਅਰ ਤੇ ਬਨੂੜ ਤੇਪਲਾ ਰੋਡ 'ਤੇ ਵਿਸ਼ੇਸ਼ ਅੰਤਰਰਾਜੀ ਸਰਹੱਦੀ ਨਾਕੇ ਲਗਾਉਣ ਲਈ ਆਖਿਆ ਏ । ਉਨ੍ਹਾਂ ਜ਼ਿਲ੍ਹਾ ਮੰਡੀ ਅਧਿਕਾਰੀਆਂ ਅਤੇ ਮਾਰਕੀਟ ਕਮੇਟੀ ਦੇ ਸਕੱਤਰਾਂ ਨੂੰ, ਸਥਾਨਕ ਮੰਡੀਆਂ ਵਿੱਚ ਹੋਰ ਸੂਬਿਆਂ ਤੋਂ ਕਣਕ ਦੀ ਆਮਦ 'ਤੇ ਨਜ਼ਰ ਰੱਖਣ ਦੇ ਹੁਕਮ ਵੀ ਦਿੱਤੇ । ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ, ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਕਿ ਹਰਿਆਣਾ ਦੀ ਸਰਹੱਦ ਨਾਲ ਲੱਗਦੀਆਂ ਮੰਡੀਆਂ ਵਿੱਚ ਬਾਹਰੋਂ ਵੱਡੀ ਮਾਤਰਾ ਵਿਚ ਫ਼ਸਲ ਆਉਣ ਕਾਰਨ ਥਾਂ ਦੀ ਤੰਗੀ ਦਾ ਸਾਹਮਣਾ ਕਰਨਾ ਪੈਂਦਾ ਏ ਅਤੇ ਸਥਾਨਕ ਕਮਿਸ਼ਨ ਏਜੰਟਾਂ ਜਾਂ ਹੋਰ ਪ੍ਰਬੰਧਾਂ ਰਾਹੀਂ ਦੂਜੇ ਸੂਬਿਆਂ ਤੋਂ ਫਸਲ ਦੀ ਆਮਦ ਕਾਰਨ ਖਰੀਦ ਪ੍ਰਕਿਰਿਆ ਵਿੱਚ ਰੁਕਾਵਟ ਬਣਦੀ ਏ।

--------------------------------------------------

ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਦੀ ਸ਼ਤਾਬਦੀ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ, ਹਲਕੇ ਵਿਚ ਗੁਰਮਤਿ ਸਮਾਗਮ ਉਲੀਕਣ ਲਈ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ, ਅੱਜ ਅੰਮ੍ਰਿਤਸਰ ਵਿਚ ਪ੍ਰਚਾਰਕ ਸਿੰਘਾਂ ਨਾਲ ਇਕ ਮੀਟਿੰਗ ਕੀਤੀ। ਉਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ, ਸ੍ਰੀ ਗੁਰੂ ਅਮਰਦਾਸ ਜੀ ਦਾ 450 ਸਾਲਾ ਜੋਤੀ ਜੋਤਿ ਦਿਵਸ ਸਤੰਬਰ ਮਹੀਨੇ ਵਿਚ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਵੱਡੀ ਪੱਧਰ 'ਤੇ ਮਨਾਇਆ ਜਾ ਰਿਹਾ ਏ। ਭਾਈ ਅਭਿਆਸੀ ਨੇ ਕਿਹਾ ਕਿ ਪ੍ਰਚਾਰਕ ਸਿੰਘਾਂ ਨਾਲ ਵਿਚਾਰ ਚਰਚਾ ਕਰਕੇ, ਇਸ ਸਬੰਧ ਵਿਚ ਗੁਰਮਤਿ ਸਮਾਗਮ ਦੀ ਵਿਉਂਤਬੰਦੀ ਕੀਤੀ ਗਈ ਏ, ਤਾਂ ਜੋ ਸੰਗਤਾਂ ਨੂੰ ਇਤਿਹਾਸ ਤੋਂ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਚਾਰਕ-ਜਥਿਆਂ ਦੇ ਰੂਪ ਵਿਚ ਸੰਗਤਾਂ ਤੱਕ ਪਹੁੰਚ ਕਰਕੇ ਗੁਰਬਾਣੀ, ਸਿੱਖ ਸਿਧਾਂਤਾਂ, ਇਤਿਹਾਸ ਸਬੰਧੀ ਪ੍ਰਚਾਰ ਕਰਨਗੇ।

--------------------------------------------------

## ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ

- BJP ਨੇ ਲੋਕ ਸਭਾ ਚੋਣਾਂ ਵਿਚ ਪਾਰਟੀ 'ਤੇ ਮੈਚ ਫਿਕਸਿੰਗ ਦਾ ਦੋਸ਼ ਲਗਾਉਣ ਲਈ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਖਿਲਾਫ ਭਾਰਤੀ ਚੋਣ ਕਮਿਸ਼ਨ ਕੋਲ ਸ਼ਿਕਾਇਤ ਦਰਜ ਕਰਵਾਈ ਏ।
- ਪਟਿਆਲਾ ਤੋਂ ਸਾਬਕਾ ਸਾਂਸਦ ਡਾਕਟਰ ਧਰਮਵੀਰ ਗਾਂਧੀ ਕਾਂਗਰਸ ਪਾਰਟੀ ਵਿਚ ਸ਼ਾਮਲ ਹੋਏ।
- ਲੋਕ ਸਭਾ ਚੋਣਾਂ ਦੌਰਾਨ ਵੋਟਰਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਕਈ ਜ਼ਿਲਿਆਂ ਵਿਚ ਸਵੀਪ ਗਤੀਵਿਧੀਆਂ ਤਹਿਤ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ।
- ਸੀਮਾ ਸੁਰੱਖਿਆ ਬੱਲ ਨੇ ਅੰਮ੍ਰਿਤਸਰ ਜ਼ਿਲੇ ਵਿਚ ਸਰਹੱਦ ਤੇ ਇਕ ਪਾਕਿਸਤਾਨੀ ਨਾਗਰਿਕ ਨੂੰ ਕਾਬੂ ਕੀਤਾ।